# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 21-08-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਲੋਕ ਸਭਾ ਅਤੇ ਰਾਜ ਸਭਾ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ- ਇਜਲਾਸ ਦੌਰਾਨ ਕੁੱਲ 12 ਬਿੱਲ ਪਾਸ ਹੋਏ।
- ਭਾਰਤੀ ਜਨਤਾ ਪਾਰਟੀ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ 39 ਥਾਵਾਂ 'ਤੇ ਪੁਲਿਸ ਬਲ ਦੁਆਰਾ "BJP ਦੇ ਸੇਵਾਦਾਰ ਆ ਗਏ ਨੇ ਤੁਹਾਡੇ ਦੁਆਰ" ਮੁਹਿੰਮ ਨੂੰ ਰੋਕਣ ਦੀ ਲੋਕ ਵਿਰੋਧੀ ਕਾਰਵਾਈ ਦੀ ਸਖ਼ਤ ਨਿੰਦਾ ਕੀਤੀ।
- ਸੰਸਦ ਵਲੋਂ ਔਨਲਾਈਨ ਗੇਮਿੰਗ ਦਾ ਪ੍ਰਚਾਰ ਅਤੇ ਨਿਆਮਕ ਬਿੱਲ, 2025 ਪਾਸ - ਲੋਕਾਂ ਨੇ ਕੀਤਾ ਸਵਾਗਤ I
- ਪੰਜਾਬ ਸਰਕਾਰ ਵਲੋਂ ਦਰਿਆਵਾਂ ਵਿਚ ਪਾਣੀ ਦਾ ਪੱਧਰ ਵਧਣ ਕਾਰਨ ਪ੍ਰਭਾਵਿਤ ਹੋਈਆਂ ਫਸਲਾਂ ਤੇ ਹੋਰ ਨੁਕਸਾਨ ਦੀ ਭਰਪਾਈ ਲਈ, ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ।
- ਪਹਿਲਾ ਖੇਲੋ ਇੰਡੀਆ ਜਲ ਖੇਡਾਂ ਮਹਾਂਉਤਸਵ ਅੱਜ ਤੋਂ ਜੰਮੂ-ਕਸ਼ਮੀਰ ਦੀ ਡੱਲ ਝੀਲ 'ਚ ਸ਼ੁਰੂ।

**ਹੁਣ ਖਬਰਾਂ ਵਿਸਥਾਰ ਨਾਲ.....**

---

ਲੋਕ ਸਭਾ ਅਤੇ ਰਾਜ ਸਭਾ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ ਏ। ਮਾਨਸੂਨ ਇਜਲਾਸ 21 ਜੁਲਾਈ ਨੂੰ ਸ਼ੁਰੂ ਹੋਇਆ ਸੀ। ਦੁਪਹਿਰ ਵੇਲੇ ਪਹਿਲੀ ਵਾਰ ਮੁਲਤਵੀ ਹੋਣ ਤੋਂ ਬਾਅਦ ਜਦੋਂ ਸਦਨ ਦੀ ਕਾਰਵਾਈ ਮੁੜ ਸ਼ੁਰੂ ਹੋਈ ਤਾਂ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਇਸ ਇਜਲਾਸ ਦੌਰਾਨ 14 ਸਰਕਾਰੀ ਬਿੱਲ ਪੇਸ਼ ਕੀਤੇ ਗਏ ਅਤੇ ਕੁੱਲ 12 ਬਿੱਲ ਪਾਸ ਕੀਤੇ ਗਏ। ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਸਿੰਦੂਰ 'ਤੇ ਦੋ ਦਿਨਾਂ ਦੀ ਵਿਸ਼ੇਸ਼ ਚਰਚਾ ਵੀ ਹੋਈ, ਜੋ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਵਾਬ ਨਾਲ ਸਮਾਪਤ ਹੋਈ। ਸਪੀਕਰ ਨੇ ਕਿਹਾ ਕਿ ਭਾਰਤ ਦੇ ਪੁਲਾੜ ਪ੍ਰੋਗਰਾਮ ਦੀਆਂ ਪ੍ਰਾਪਤੀਆਂ 'ਤੇ ਲੋਕ ਸਭਾ ਵਿੱਚ ਵਿਸ਼ੇਸ਼ ਚਰਚਾ ਹੋਈ। ਸ੍ਰੀ ਬਿਰਲਾ ਨੇ ਰੁਕਾਵਟਾਂ ਕਾਰਨ ਸਮੇਂ ਦੀ ਬਰਬਾਦੀ 'ਤੇ ਨਾਰਾਜ਼ਗੀ ਪ੍ਰਗਟ ਕੀਤੀ। :

---

ਭਾਰਤੀ ਜਨਤਾ ਪਾਰਟੀ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ 39 ਥਾਵਾਂ 'ਤੇ ਪੁਲਿਸ ਬਲ ਦੁਆਰਾ "BJP ਦੇ ਸੇਵਾਦਾਰ ਆ ਗਏ ਨੇ ਤੁਹਾਡੇ ਦੁਆਰ" ਮੁਹਿੰਮ ਨੂੰ ਰੋਕਣ ਦੀ ਲੋਕ ਵਿਰੋਧੀ ਕਾਰਵਾਈ ਦੀ ਸਖ਼ਤ ਨਿੰਦਾ ਕੀਤੀ ਏ। BJP ਦੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਨੇ ਅੱਜ ਜਲੰਧਰ ਵਿੱਚ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਮੁਹਿੰਮ ਨੂੰ ਜ਼ਬਰਦਸਤੀ ਰੋਕ ਦਿੱਤਾ, ਜਿਸ ਵਿੱਚ ਗਰੀਬ ਅਤੇ ਲੋੜਵੰਦ ਲੋਕ ਕੇਂਦਰ

ਸਰਕਾਰ ਦੀਆਂ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਪ੍ਰਾਪਤ ਕਰ ਰਹੇ ਸਨ।

ਸ੍ਰੀ ਸਾਂਪਲਾ ਨੇ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਸਮਰਥਨ ਕਰਨ ਦੀ ਬਜਾਏ, ਪੰਜਾਬ ਸਰਕਾਰ ਨੇ ਇਨ੍ਹਾਂ ਯੋਜਨਾਵਾਂ ਨੂੰ ਰੋਕਣ ਲਈ ਪੁਲਿਸ ਬਲ ਦੀ ਦੁਰਵਰਤੋਂ ਕੀਤੀ ਏ। BJP ਦੇ ਇਸ ਕੰਮ ਨੇ ਨਾ ਸਿਰਫ਼ ਪੰਜਾਬ ਦੇ ਲੋਕਾਂ ਨੂੰ ਲਾਭਕਾਰੀ ਭਲਾਈ ਯੋਜਨਾਵਾਂ , ਜਾਣਕਾਰੀ ਅਤੇ ਮਾਰਗਦਰਸ਼ਨ ਤੋਂ ਵਾਂਝਾ ਕੀਤਾ ਏ , ਸਗੋਂ ਸੂਬਾ ਸਰਕਾਰ ਦੀ ਵਿਕਾਸ ਵਿਰੋਧੀ ਮਾਨਸਿਕਤਾ ਨੂੰ ਵੀ ਉਜਾਗਰ ਕੀਤਾ ਏ। ਸਾਬਕਾ ਕੇਂਦਰੀ ਮੰਤਰੀ ਨੇ ਕਿਹਾ ਕਿ ਜਦੋਂ ਕਿ ਕੇਂਦਰ ਸਰਕਾਰ ਨੇ ਆਯੁਸ਼ਮਾਨ ਭਾਰਤ ਤਹਿਤ ਮੁਫ਼ਤ ਰਾਸ਼ਨ, ਸਿਹਤ ਲਾਭ, ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਰਾਹੀਂ ਕਿਸਾਨ ਸਹਾਇਤਾ, ਅਤੇ ਕਈ ਨੌਜਵਾਨ ਅਤੇ ਮਹਿਲਾ ਭਲਾਈ ਯੋਜਨਾਵਾਂ ਨੂੰ ਯਕੀਨੀ ਬਣਾਇਆ ਏ ਆਮ ਆਦਮੀ ਪਾਰਟੀ ਸਰਕਾਰ ਜਾਣਬੁੱਝ ਕੇ ਪੰਜਾਬ ਵਿੱਚ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਤੋਂ ਰੋਕਣ ਲਈ ਰੁਕਾਵਟਾਂ ਪੈਦਾ ਕਰ ਰਹੀ ਏ। ਓਧਰ ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਰੁਕਾਵਟ ਦੇ ਬਾਵਜੂਦ ਆਮ ਲੋਕਾਂ ਤੱਕ ਇਹ ਯੋਜਨਾਵਾਂ ਜ਼ਰੂਰ ਪਹੁੰਚਾਈਆਂ ਜਾਣਗੀਆਂ।

-------------------------------------------------------------------

ਇਸ ਦੌਰਾਨ ਪੰਜਾਬ ਬੀਜੇਪੀ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ

ਦੀ ਅਗਵਾਈ ਵਿੱਚ, ਪਾਰਟੀ ਦੇ ਇੱਕ ਵਫਦ ਨੇ ਪਾਰਟੀ ਵਰਕਰਾਂ ਨੂੰ ਜਾਗਰੂਕਤਾ ਕੈਂਪਾਂ ਦੌਰਾਨ ਤੰਗ-ਪਰੇਸ਼ਾਨ ਕਰਨ ਦੇ ਸੰਬੰਧ ਵਿੱਚ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆਂ ਨਾਲ ਮੁਲਾਕਾਤ ਕੀਤੀ। ਵਫਰ ਨੇ ਰਾਜਪਾਲ ਨੂੰ ਇਸ ਸਬੰਧੀ ਇੱਕ ਮੰਗ ਪੱਤਰ ਵੀ ਸੌਂਪਿਆ ।

----------------------------------------------------------------------

ਸੰਸਦ ਵਲੋਂ ਬੀਤੇ ਦਿਨੀ ਔਨਲਾਈਨ ਗੇਮਿੰਗ ਦਾ ਪ੍ਰਚਾਰ ਅਤੇ ਨਿਆਮਕ ਬਿੱਲ, 2025 ਪਾਸ ਕੀਤਾ ਗਿਆ ਏ। ਜਲੰਧਰ ਸਥਿਤ ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ, ਵਿਚ ਰਿਸਰਚ ਐਂਡ ਕੰਸਲਟੈਂਸੀ ਦੇ ਡੀਨ ਡਾ. ਰੋਹਿਤ ਮਹਿਰਾ ਨੇ ਸਰਕਾਰ ਦੇ ਇਸ ਉਪਰਾਲੇ ਦਾ ਸਵਾਗਤ ਕੀਤਾ ਏ । ਉਨ੍ਹਾਂ ਕਿਹਾ । BYTE-
ਓਧਰ ਗੁਰਦਾਸਪੁਰ ਅਤੇ ਮੋਗਾ ਜ਼ਿਲਿਆਂ ਤੋਂ ਸਿਖਿਆ ਖੇਤਰ ਨਾਲ ਜੁੜੇ ਅਧਿਆਪਕਾਂ ਨੇ ਇਸ ਬਿੱਲ ਨੂੰ ਨੌਜਵਾਨਾਂ ਲਈ ਫਾਇਦੇਮੰਦ ਦਸਿਆ।
BYTE

----------------------------------------------------------------------

-ਪੰਜਾਬ ਦੇ ਮਾਲ ਤੇ ਆਵਾਸ ਮੰਤਰੀ, ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਦਰਿਆਵਾਂ ਵਿਚ ਪਾਣੀ ਦਾ ਪੱਧਰ ਵਧਣ ਕਾਰਨ ਪ੍ਰਭਾਵਿਤ ਹੋਈਆਂ ਫਸਲਾਂ ਤੇ ਹੋਰ ਨੁਕਸਾਨ ਦੀ ਪੂਰਤੀ ਲਈ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ ਕਰ ਦਿੱਤੇ ਗਏ ਨੇ । ਅੱਜ ਸੁਲਤਾਨਪੁਰ ਲੋਧੀ ਦੇ ਪ੍ਰਭਾਵਿਤ ਪਿੰਡਾਂ ਬਾਊਪੁਰ ਜਦੀਦ, ਸਾਂਗਰਾ ਵਿਖੇ ਪੀੜਤ ਪਰਿਵਾਰਾਂ ਨਾਲ ਮੁਲਾਕਾਤ ਦੌਰਾਨ ਮੰਤਰੀ ਨੇ

ਕਿਹਾ ਕਿ ਪੰਜਾਬ ਸਰਕਾਰ ਵਲੋਂ ਫਸਲਾਂ ਦੇ ਹੋਏ ਨੁਕਸਾਨ ਦੀ ਭਰਪਾਈ ਲਈ ਮੁਆਵਜ਼ੇ ਦੀ ਪ੍ਰਕਿਰਿਆ ਆਰੰਭ ਕਰ ਦਿੱਤੀ ਗਈ ਏ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰਾਂ ਨੂੰ ਹੁਕਮ ਦਿੱਤੇ ਗਏ ਨੇ ਕਿ ਉਹ ਪਾਣੀ ਘਟਦੇ ਸਾਰ ਹੀ ਜਲਦ ਤੋਂ ਜਲਦ ਵਿਸ਼ੇਸ਼ ਗਰਦਾਵਰੀ ਮੁਕੰਮਲ ਕਰਕੇ ਰਿਪੋਰਟ ਸੌਂਪਣ ਤਾਂ ਜੋ ਪ੍ਰਭਾਵਿਤ ਲੋਕਾਂ ਨੂੰ ਬਣਦਾ ਮੁਆਵਜਾ ਦਿੱਤਾ ਜਾ ਸਕੇ। ਮਾਲ ਮੰਤਰੀ ਨੇ ਇਹ ਵੀ ਦੱਸਿਆ ਕਿ ਪਾਣੀ ਨਾਲ ਮੁੱਖ ਤੌਰ ਤੇ ਪ੍ਰਭਾਵਿਤ ਜ਼ਿਲ੍ਹਿਆਂ ਕਪੂਰਥਲਾ, ਤਰਨਤਾਰਨ, ਫਿਰੋਜ਼ਪੁਰ, ਫਾਜਿਲਕਾ ਵਿਖੇ ਰਾਹਤ ਕੰਮਾਂ ਦੀ ਨਿਗਰਾਨੀ ਮੰਤਰੀ ਸਮੂਹ ਵਲੋਂ ਕੀਤੀ ਜਾ ਰਹੀ ਏ।

-------------------------------------------------------------------

ਨੀਤੀ ਆਯੋਗ ਵੱਲੋਂ ਚਲਾਏ ਜਾ ਰਹੇ ਅਕਾਂਕਸ਼ਾ ਹੱਟ ਪ੍ਰੋਗਰਾਮ ਤਹਿਤ ਗੁਰਦਾਸਪੁਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਵੇਕਲੀ ਪਹਿਲ ਕਰਦਿਆਂ 'ਉਮੀਦ ਬਜ਼ਾਰ' ਲਗਾਇਆ ਗਿਆ। ਡਿਪਟੀ ਕਮਿਸ਼ਨਰ ਦਲ ਵਿੰਦਰਜੀਤ ਸਿੰਘ ਅਤੇ ਐੱਸ.ਐੱਸ.ਪੀ. ਆਦਿੱਤਯ ਨੇ ਸਵੈ ਸਹਾਇਤਾ ਸਮੂਹਾਂ ਵੱਲੋਂ ਲਗਾਏ ਗਏ ਸਟਾਲਾਂ ਦਾ ਦੌਰਾ ਕੀਤਾ ਅਤੇ ਓਥੇ ਵੇਚੇ ਜਾ ਰਹੇ ਸਮਾਨ ਬਾਰੇ ਜਾਣਕਾਰੀ ਹਾਸਲ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਵੈ-ਸਹਾਇਤਾ ਸਮੂਹਾਂ ਵੱਲੋਂ ਆਪਣੇ ਹੱਥੀਂ ਬਣਾਇਆ ਜੋ ਸਮਾਨ ਵੇਚਿਆ ਜਾ ਰਿਹਾ ਏ ਉਹ ਉੱਚ ਮਿਆਰੀ ਤੇ ਬਜ਼ਾਰ ਦੇ

ਮੁਕਾਬਲੇ ਕਿਫ਼ਾਇਤੀ ਏ। ਸਵੈ ਸਹਾਈਤਾ ਸਮੂਹਾਂ ਦੇ ਮੈਂਬਰਾਂ ਨੇ ਆਪਣੇ ਤਜਰਬੇ ਸਾਂਝੇ ਕੀਤੇ।

--------------------------------------------------------------------

ਅੱਜ ਬਜ਼ੁਰਗਾਂ ਬਾਰੇ ਆਲਮੀ ਦਿਹਾੜਾ ਮਨਾਇਆ ਜਾ ਰਿਹਾ ਏ। ਪੂਰੀ ਦੁਨੀਆ ਹਰ ਸਾਲ 21 ਅਗਸਤ ਨੂੰ ਇਹ ਦਿਵਸ ਮਨਾਉਂਦੀ ਏ ਜੋ ਸਮਾਜ ਵਿੱਚ ਬਜ਼ੁਰਗਾਂ ਦੇ ਜੀਵਨ ਭਰ ਦੀ ਸਖ਼ਤ ਮਿਹਨਤ, ਤਜਰਬੇ ਅਤੇ ਬੇਮਿਸਾਲ ਯੋਗਦਾਨ ਦਾ ਸਨਮਾਨ ਕਰਨ ਦਾ ਦਿਨ ਏ। ਇਸ ਮੌਕੇ ਮੋਹਾਲੀ ਦੇ ਮੁੱਖ ਨਿਆਂਇਕ ਮੈਜਿਸਟਰੇਟ CJM ਸੁਰਭੀ ਪਰਾਸ਼ਰ ਨੇ ਬਜ਼ੁਰਗਾਂ ਨੂੰ ਦਿਤੀਆਂ ਜਾਂ ਵਾਲਿਆਂ ਸਹੂਲਤਾਂ ਬਾਰੇ ਦਸਿਆ।

--------------------------------------------------------------------

-ਜਲੰਧਰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਪੰਜ-ਆਬ ਗਰੁੱਪ ਦੀਆਂ ਮਹਿਲਾ ਬਾਈਕਰ ਵਲੋਂ 'ਰਾਈਡ ਫਾਰ ਪੀਸ' ਵਿਸ਼ੇ 'ਤੇ ਸ਼ੁਰੂ ਕੀਤੀ ਮੁਹਿੰਮ ਮੁਕੰਮਲ ਹੋਣ ਮਫਰੋਂ ਵਾਪਿਸ ਆਉਣ 'ਤੇ ਸਵਾਗਤ ਕੀਤਾ। ਇਹਨਾਂ ਸਾਹਸੀ ਮਹਿਲਾਵਾਂ ਵਲੋਂ ਆਜ਼ਾਦੀ ਦਿਹਾੜੇ ਮੌਕੇ ਦੇਸ਼ ਭਗਤੀ, ਸ਼ਾਂਤੀ ਅਤੇ ਨਸ਼ਾ ਮੁਕਤ ਸਮਾਜ ਦਾ ਸੁਨੇਹਾ ਪਹੁੰਚਾਉਣ ਲਈ ਇਸ ਨਿਵੇਕਲੀ ਪਹਿਲ ਦੀ ਸ਼ੁਰੂਆਤ ਕੀਤੀ ਗਈ ਸੀ। ਡਿਪਟੀ ਕਮਿਸ਼ਨਰ ਨੇ ਫਾਊਂਡਰ ਅੰਬੀਕਾ ਸੋਨੀਆ ਦੀ ਅਗਵਾਈ ਵਾਲੇ ਇਸ ਸੱਤ ਮੈਂਬਰੀ ਗਰੁੱਪ ਨੂੰ 12 ਅਗਸਤ ਨੂੰ ਰਵਾਨਾ ਕੀਤਾ ਸੀ। ਆਪਣੀ ਯਾਤਰਾ ਦੌਰਾਨ ਉਨ੍ਹਾਂ ਵਲੋਂ ਅਟਾਰੀ, ਹੁਸੈਨੀਵਾਲੀ,

ਫਾਜ਼ਿਲਕਾ, ਸ੍ਰੀ ਗੰਗਾ ਨਗਰ, ਬੀਕਾਨੇਰ, ਪੋਖਰਣ, ਜੈਸਲਮੇਰ ਅਤੇ ਲੌਂਗੇਵਾਲਾ ਵਿਖੇ ਭਾਰਤ ਦੇ ਬਹਾਦਰ ਸੈਨਿਕਾਂ ਦੇ ਸਨਮਾਨ ਅਤੇ ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ਼ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਖਿਲਾਫ਼ ਜਾਗਰੂਕਤਾ ਫੈਲਾਉਣ ਲਈ ਤਿਰੰਗਾ ਝੰਡਾ ਲਹਿਰਾਇਆ ਗਿਆ। ਵਾਪਸੀ ਉਪਰੰਤ ਮਹਿਲਾ ਰਾਈਡਰਾਂ ਨੇ ਆਪਣੀ ਯਾਤਰਾ ਦੇ ਤਜਰਬਿਆਂ ਨੂੰ ਡਿਪਟੀ ਕਮਿਸ਼ਨਰ ਨਾਲ ਸਾਂਝਾ ਵੀ ਕੀਤਾ।

---------------------------------------------------------------------

ਸ੍ਰੀ ਕੀਰਤਪੁਰ ਸਾਹਿਬ ਦੇ ਸਿਹਤ ਵਿਭਾਗ ਟੀਮ ਵੱਲੋਂ ਸਾਉਣ ਮਹੀਨੇ ਨੈਣਾ ਦੇਵੀ ਵਿਖੇ ਲੱਗੇ ਮੇਲੇ 'ਚ ਪਹੁੰਚਣ ਵਾਲੇ ਸ਼ਰਧਾਲੂਆਂ ਦੀ ਸੇਵਾ ਲਈ ਦਵਾਈਆਂ ਦਾ ਲੰਗਰ ਲਾਕੇ ਇੱਕ ਵਿਲੱਖਣ ਪਹਿਲ ਕੀਤੀ ਗਈ, ਜਿਸਦੀ ਸ਼ਰਧਾਲੂਆਂ ਨੇ ਸ਼ਲਾਘਾ ਕੀਤੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੀ ਸਨਮਾਨਿਤ ਕੀਤਾ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਜੰਗਜੀਤ ਸਿੰਘ ਨੇ ਕਿਹਾ ਕਿ ਲਗਾਤਾਰ 8 ਦਿਨ ਤੱਕ ਚੱਲੇ ਨੈਣਾ ਦੇਵੀ ਮੇਲੇ ਦੌਰਾਨ ਸਿਹਤ ਵਿਭਾਗ ਵੱਲੋਂ ਦਵਾਈਆਂ ਦਾ ਲੰਗਰ ਲਾਇਆ ਗਿਆ ਅਤੇ ਮੁਫ਼ਤ ਐਮਰਜੈਂਸੀ ਸੇਵਾਵਾਂ ਵੀ ਉਪਲੱਬਧ ਕਰਵਾਈਆਂ ਗਈਆਂ। ਉਹਨਾਂ ਦੱਸਿਆ ਕਿ ਟੀਮ ਵੱਲੋਂ ਸ਼ਰਧਾਲੂਆਂ ਲਈ 24 ਘੰਟੇ ਐਮਰਜੈਂਸੀ ਦੀ ਸਹੂਲਤ ਅਤੇ ਸ਼ਰਧਾਲੂਆਂ ਨੂੰ ਮੁਫ਼ਤ ਦਵਾਈਆਂ ਦੇ ਨਾਲ ਨਾਲ ਮੁੱਢਲੀ ਡਾਕਟਰੀ ਸਹਾਇਤਾ ਵੀ ਮੁੱਹਈਆ ਕਰਵਾਈ ਗਈ।

---------------------------------------------------------------------

ਪਹਿਲਾ ਖੇਲੋ ਇੰਡੀਆ ਜਲ ਖੇਡਾਂ ਮਹਾਂਉਤਸਵ ਅੱਜ ਤੋਂ ਜੰਮੂ-ਕਸ਼ਮੀਰ ਦੀ ਡੱਲ ਝੀਲ 'ਚ ਸ਼ੁਰੂ ਹੋ ਰਿਹਾ ਏ. 36 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 400 ਤੋਂ ਵੱਧ ਖਿਡਾਰੀ, ਤਿੰਨ ਦਿਨਾਂ ਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਰੋਇੰਗ, ਕਾਇਆ-ਕਿੰਗ ਅਤੇ ਕੈਨੋ-ਇੰਗ ਵਿੱਚ, ਸੋਨੇ ਦੇ 24 ਤਮਗਿਆਂ ਲਈ ਮੁਕਾਬਲਾ ਕਰਨਗੇ। ਇਸ ਰਾਸ਼ਟਰੀ ਚੈਂਪੀਅਨਸ਼ਿਪ 'ਚ, ਸਾਰੇ 24 ਤਮਗੇ ਮੁਕਾਬਲੇ, ਓਲੰਪਿਕ ਖੇਡ ਪ੍ਰੋਗਰਾਮ ਦਾ ਹਿੱਸਾ ਨੇ। ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ, ਮਹਾਉਤਸਵ ਵਿੱਚ ਤਿੰਨ ਪ੍ਰਦਰਸ਼ਨੀ ਪ੍ਰੋਗਰਾਮ, ਵਾਟਰ ਸਕੀਇੰਗ, ਸ਼ਿਕਾਰਾ ਬੋਟ ਸਪ੍ਰਿੰਟ ਅਤੇ ਡਰੈਗਨ ਬੋਟ ਦੌੜ ਵੀ ਕਰਾਏ ਜਾਣਗੇ । ਕੇਂਦਰੀ ਯੁਵਾ ਮਾਮਲਿਆਂ ਬਾਰੇ ਰਾਜ ਮੰਤਰੀ, ਰਕਸ਼ਾ ਨਿਖਿਲ ਖੜਸੇ, ਉਪ ਰਾਜਪਾਲ ਮਨੋਜ ਸਿਨਹਾ ਅਤੇ ਮੁੱਖ ਮੰਤਰੀ ਓਮਰ ਅਬਦੁੱਲਾ ਅੱਜ ਸ਼ਾਮ ਉਦਘਾਟਨੀ ਸਮਾਰੋਹ ਵਿੱਚ ਸ਼ਾਮਲ ਹੋਣਗੇ। ਮਹਾਉਤਸਵ ਦਾ ਸਿੱਧਾ ਪ੍ਰਸਾਰਣ, ਪ੍ਰਸਾਰ ਭਾਰਤੀ ਸਪੋਰਟਸ ਯੂ-ਟਿਊਬ ਚੈਨਲ 'ਤੇ ਕੀਤਾ ਜਾਵੇਗਾ। ਇਸ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ, ਡੀ.ਡੀ ਸਪੋਰਟਸ ਟੀ.ਵੀ ਚੈਨਲ 'ਤੇ ਵੀ ਕੀਤਾ ਜਾਵੇਗਾ।

---------------------------------------------------------------------
---

- ਲੋਕ ਸਭਾ ਅਤੇ ਰਾਜ ਸਭਾ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ- ਇਜਲਾਸ ਦੌਰਾਨ ਕੁੱਲ 12 ਬਿੱਲ ਪਾਸ ਹੋਏ ।

- ਭਾਰਤੀ ਜਨਤਾ ਪਾਰਟੀ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ 39 ਥਾਵਾਂ 'ਤੇ ਪੁਲਿਸ ਬਲ ਦੁਆਰਾ "BJP ਦੇ ਸੇਵਾਦਾਰ ਆ ਗਏ ਨੇ ਤੁਹਾਡੇ ਦੁਆਰ" ਮੁਹਿੰਮ ਨੂੰ ਰੋਕਣ ਦੀ ਲੋਕ ਵਿਰੋਧੀ ਕਾਰਵਾਈ ਦੀ ਸਖ਼ਤ ਨਿੰਦਾ ਕੀਤੀ।
- ਸੰਸਦ ਵਲੋਂ ਔਨਲਾਈਨ ਗੇਮਿੰਗ ਦਾ ਪ੍ਰਚਾਰ ਅਤੇ ਨਿਆਮਕ ਬਿੱਲ, 2025 ਪਾਸ - ਲੋਕਾਂ ਨੇ ਕੀਤਾ ਸਵਾਗਤ I
- ਪੰਜਾਬ ਸਰਕਾਰ ਵਲੋਂ ਦਰਿਆਵਾਂ ਵਿਚ ਪਾਣੀ ਦਾ ਪੱਧਰ ਵਧਣ ਕਾਰਨ ਪ੍ਰਭਾਵਿਤ ਹੋਈਆਂ ਫਸਲਾਂ ਤੇ ਹੋਰ ਨੁਕਸਾਨ ਦੀ ਭਰਪਾਈ ਲਈ, ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ।
- ਪਹਿਲਾ ਖੇਲੋ ਇੰਡੀਆ ਜਲ ਖੇਡਾਂ ਮਹਾਂਉਤਸਵ ਅੱਜ ਤੋਂ ਜੰਮੂ-ਕਸ਼ਮੀਰ ਦੀ ਡੱਲ ਝੀਲ 'ਚ ਸ਼ੁਰੂ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !